Spl-E

Tape/CD: 1316

# ਪੰਨਾ ੮੧੦

ਬਿਲਾਵਲੁ ਮਹਲਾ ੫ ॥ ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ ॥ ਮਿਲਤ
ਸੰਗਿ ਸਭਿ ਭ੍ਰਮ ਮਿਟੇ ਗਤਿ ਭਈ ਹਮਾਰੀ ॥ ੧ ॥ ਜਾ ਦਿਨੁ ਭੇਟੇ ਸਾਧ
ਮੋਹਿ ਉਆ ਦਿਨ ਬਲਿਹਾਰੀ ॥ ਤਨੁ ਮਨੁ ਅਪਨੋ ਜੀਅਰਾ ਫਿਰਿ ਫਿਰਿ
ਹਉ ਵਾਰੀ ॥ ੧ ॥ ਰਹਾਉ ॥ ਏਤ ਛਡਾਈ ਮੋਹਿ ਤੇ ਇਤਨੀ ਦ੍ਰਿੜਤਾਰੀ
॥ ਸਗਲ ਰੇਨ ਇਹੁ ਮਨੁ ਭਇਆ ਬਿਨਸੀ ਅਪਧਾਰੀ ॥ ੨ ॥ ਨਿੰਦ ਚਿੰਦ
ਪਰ ਦੂਖਨਾ ਏ ਖਿਨ ਮਹਿ ਜਾਰੀ ॥ ਦਇਆ ਮਇਆ ਅਰੁ ਨਿਕਟਿ ਪੇਖੁ
ਨਾਹੀ ਦੂਰਾਰੀ ॥ ੩ ॥ ਤਨ ਮਨ ਸੀਤਲ ਭਏ ਅਬ ਮੁਕਤੇ ਸੰਸਾਰੀ ॥
ਹੀਤ ਚੀਤ ਸਭ ਪ੍ਰਾਨ ਧਨ ਨਾਨਕ ਦਰਸਾਰੀ ॥ ੪ ॥ ੧੦ ॥ ੪੦ ॥

Tape/CD: 1316

# ਪੰਨਾ ੯੩੮

## ਰਾਮਕਲੀ ਮਹਲਾ ੧ ਸਿਧ ਗੋਸਟਿ

ਸਿਧ ਸਭਾ ਕਰਿ ਆਸਣਿ ਬੈਠੇ ਸੰਤ ਸਭਾ ਜੈਕਾਰੋ ॥ ਤਿਸੁ ਆਗੈ ਰਹਰਾਸਿ ਹਮਾਰੀ ਸਾਚਾ ਅਪਰ ਅਪਾਰੋ ॥ ਮਸਤਕੁ ਕਾਟਿ ਧਰੀ ਤਿਸੁ ਆਗੈ ਤਨੁ ਮਨੁ ਆਗੈ ਦੇਉ ॥ ਨਾਨਕ ਸੰਤੁ ਮਿਲੈ ਸਚੁ ਪਾਈਐ ਸਹਜ ਭਾਇ ਜਸੁ ਲੇਉ ॥੧॥ ਕਿਆ ਭਵੀਐ ਸਚਿ ਸੂਚਾ ਹੋਇ ॥ ਸਾਚ ਸਬਦ ਬਿਨੁ ਮੁਕਤਿ ਨ ਕੋਇ ॥੧॥ ਰਹਾਉ ॥

Tape/CD: 1316 ਪੰਨਾ ੪੨੧-੪੨੨

ਆਸਾ ਮਹਲਾ ੧ ॥ ਆਵਣ ਜਾਣਾ ਕਿਉ ਰਹੈ ਕਿਉ ਮੇਲਾ ਹੋਈ ॥ ਜਨਮ ਮਰਣ ਕਾ ਦੁਖੁ ਘਣੋ ਨਿਤ ਸਹਸਾ ਦੋਈ ॥੧॥ ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ ॥ ਸਤਿਗੁਰ ਸਾਧੁ ਨ ਸੇਵਿਆ ਹਰਿ ਭਗਤਿ ਨ ਭਾਈ ॥੧॥ ਰਹਾਉ ॥ ਆਵਣੁ ਜਾਵਣੁ ਤਉ ਰਹੈ ਪਾਈਐ ਗੁਰੁ ਪੂਰਾ ॥ ਰਾਮ ਨਾਮੁ ਧਨੁ ਰਾਸਿ ਦੇਇ ਬਿਨਸੈ ਭ੍ਰਮੁ ਕੂਰਾ ॥੨॥ ਸੰਤ ਜਨਾ ਕਉ ਮਿਲਿ ਰਹੈ ਧਨੁ ਧਨੁ ਜਸੁ ਗਾਏ ॥ ਆਦਿ ਪੁਰਖੁ ਅਪਰੰਪਰਾ ਗੁਰਮੁਖਿ ਹਰਿ ਪਾਏ ॥੩॥ ਨਟੂਐ ਸਾਂਗੁ ਬਣਾਇਆ ਬਾਜੀ ਸੰਸਾਰਾ ॥ ਖਿਨੁ ਪਲੁ ਬਾਜੀ ਦੇਖੀਐ ਉਝਰਤ ਨਹੀ ਬਾਰਾ ॥੪॥ ਹਉਮੈ ਚਉਪੜਿ ਖੇਲਣਾ ਝੂਠੇ ਅਹੰਕਾਰਾ ॥ ਸਭੁ ਜਗੁ ਹਾਰੈ ਸੋ ਜਿਣੈ ਗੁਰ ਸਬਦੁ ਵੀਚਾਰਾ ॥੫॥ ਜਿਉ ਅੰਧੁਲੈ ਹਥਿ ਟੋਹਣੀ ਹਰਿ ਨਾਮੁ ਹਮਾਰੈ ॥ ਰਾਮ ਨਾਮੁ ਹਰਿ ਟੇਕ ਹੈ ਨਿਸਿ ਦਉਤ ਸਵਾਰੈ ॥੬॥ ਜਿਉ ਤੂੰ ਰਾਖਹਿ ਤਿਉ ਰਹਾ ਹਰਿ ਨਾਮ ਅਧਾਰਾ ॥ ਅੰਤਿ ਸਖਾਈ ਪਾਇਆ ਜਨ ਮੁਕਤਿ ਦੁਆਰਾ ॥੭॥ ਜਨਮ ਮਰਣ ਦੁਖ ਮੇਟਿਆ ਜਪਿ ਨਾਮੁ ਮੁਰਾਰੇ ॥ ਨਾਨਕ ਨਾਮੁ ਨ ਵੀਸਰੈ ਪੂਰਾ ਗੁਰੁ ਤਾਰੇ ॥੮॥੨੨॥